ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: ਕੇ.ਡਬਲਿਊ.15/605-09 ਅ-1(6) (ਕੋ:ਸੈਲ (2))
ਮਿਤੀ, ਐਸ.ਏ.ਐਸ.ਨਗਰ :-21-04-16

ਸ਼੍ਰੀਮਤੀ ਸਿਮਰਜੀਤ ਕੌਰ, ਲੈਕ: ਅੰਗਰੇਜ਼ੀ, ਸ.ਸ.ਸ.ਸ, ਰਾਮੂੰਵਾਲਾ, ਜ਼ਿਲ੍ਹਾ ਮੋਗਾ ਜੋ ਮਿਤੀ 15-09-2009 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਦਫਤਰ ਦੇ ਹੁਕਮ ਨੰ: ਕੇ.ਡਬਲਿਊ 15/605-09 ਅ-1 (6) (ਕੋ:ਸੈਲ-2) ਮਿਤੀ 14-07-15/21-07-15 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5 (v ਤੋਂ ix) ਤਹਿਤ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਸਿਮਰਜੀਤ ਕੌਰ, ਲੈਕ: ਅੰਗਰੇਜ਼ੀ, ਸ.ਸ.ਸ.ਸ, ਰਾਮੂੰਵਾਲਾ, ਜ਼ਿਲ੍ਹਾ ਮੋਗਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਦਫਤਰ ਦੇ ਹੁਕਮ ਨੰ: 15/605-09 ਅ-1 (6) (ਕੋ:ਸੈਲ-2)/16202-04 ਮਿਤੀ 25-08-15 ਰਾਂਹੀ ਜ਼ਿ:ਸਿ:ਅ (ਸੈਸਿ), ਮੋਗਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 15-09-2009 ਤੋਂ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਸਿਮਰਜੀਤ ਕੌਰ, ਲੈਕ: ਅੰਗਰੇਜ਼ੀ, ਸ.ਸ.ਸ.ਸ, ਰਾਮੂੰਵਾਲਾ, ਜ਼ਿਲ੍ਹਾ ਮੋਗਾ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 17-03-16 ਨੂੰ ਜਗ ਬਾਣੀ ਅਖਬਾਰ ਵਿਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 2 ਤੇ ਇਸ ਕਰਮਚਾਰਨ ਦਾ ਨਾਂ ਸਾਮਲ ਹੈ। ਇਸ ਇਸ਼ਤਿਹਾਰ ਰਾਹੀਂ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਉਪਰੋਕਤ ਸਥਿਤੀ ਨੂੰ ਦੇਖਦੇ ਹੋਏ ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਸਿਮਰਜੀਤ ਕੌਰ, ਲੈਕ: ਅੰਗਰੇਜ਼ੀ, ਸ.ਸ.ਸ.ਸ, ਰਾਮੂੰਵਾਲਾ, ਜ਼ਿਲ੍ਹਾ ਮੋਗਾ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 15-09-2009 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆਂ ਸੇਵਾਵਾਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿੱਠ ਅੰਕਣ ਨੰ: ਉਕਤ / 7234-37 ਮਿਤੀ, ਐਸ.ਏ.ਐਸ.ਨਗਰ : 4/5/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਮੋਗਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਰਜਿਸਟਰਡ

3. ਪ੍ਰਿੰਸੀਪਲ/ ਮੁੱਖ ਅਧਿਆਪਕ, ਸ.ਸ.ਸ.ਸ, ਰਾਮੂੰਵਾਲਾ, ਜ਼ਿਲ੍ਹਾ ਮੋਗਾ ਨੂੰ ਕਰਮਚਾਰਨ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ।
4. ਸ਼੍ਰੀਮਤੀ ਸਿਮਰਜੀਤ ਕੌਰ, ਲੈਕ: ਅੰਗਰੇਜ਼ੀ, ਸ.ਸ.ਸ.ਸ, ਰਾਮੂੰਵਾਲਾ, ਜ਼ਿਲ੍ਹਾ ਮੋਗਾ।

ਨੱਥੀ:-ਸੇਵਾਪੱਤਰੀ(ਅਸਲ)

ਸੁਪਰਡੈਂਟ ਕੋਆਰਡੀਨੇਸ਼ਨ ਸੈਲ

net

ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 6/20-15 ਅ-2 (3) (ਕੋ:ਸੈਲ (2))
ਮਿਤੀ, ਐਸ.ਏ.ਐਸ.ਨਗਰ :-21-04-16

ਸ਼੍ਰੀਮਤੀ ਰੂਚੀ ਗਰਗ, ਸਾਇੰਸ ਮਿਸਟ੍ਰੈਸ, ਸ.ਹ.ਸ ਚੱਠੇ ਵਾਲਾ, ਜ਼ਿਲ੍ਹਾ ਬਠਿੰਡਾ ਜੋ ਮਿਤੀ 10-10-2012 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਦਫਤਰ ਦੇ ਹੁਕਮ ਨੰ: 6/20-15 ਅ-2 (3) ਮਿਤੀ 25-03-15 ਅਤੇ ਸੋਧ ਮਿਤੀ 19-05-15 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੀ ਧਾਰਾ 8 ਦੇ ਨਿਯਮ 5 (v ਤੋਂ ix) ਤਹਿਤ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਰੂਚੀ ਗਰਗ, ਸਾਇੰਸ ਮਿਸਟ੍ਰੈਸ, ਸ.ਹ.ਸ ਚੱਠੇ ਵਾਲਾ, ਜ਼ਿਲ੍ਹਾ ਬਠਿੰਡਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਦਫਤਰ ਦੇ ਹੁਕਮ ਨੰ: 6/20-15 ਅ-2 (3) (ਕੋ:ਸੈਲ-2)/13416-18 ਮਿਤੀ 07-08-15/13-08-15 ਰਾਂਹੀ ਜ਼ਿ:ਸਿ:ਅ (ਸੈਸਿ), ਬਠਿੰਡਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 10-10-2012 ਤੋਂ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਰੂਚੀ ਗਰਗ, ਸਾਇੰਸ ਮਿਸਟ੍ਰੈਸ, ਸ.ਹ.ਸ ਚੱਠੇ ਵਾਲਾ, ਜ਼ਿਲ੍ਹਾ ਬਠਿੰਡਾ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 17-03-16 ਨੂੰ ਜਗ ਬਾਣੀ ਅਖਬਾਰ ਵਿਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ: 3 ਤੇ ਇਸ ਕਰਮਚਾਰਨ ਦਾ ਨਾਂ ਸਾਮਲ ਹੈ। ਇਸ ਇਸ਼ਤਿਹਾਰ ਰਾਹੀਂ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਉਪਰੋਕਤ ਸਥਿਤੀ ਨੂੰ ਦੇਖਦੇ ਹੋਏ ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਰੂਚੀ ਗਰਗ, ਸਾਇੰਸ ਮਿਸਟ੍ਰੈਸ, ਸ.ਹ.ਸ ਚੱਠੇ ਵਾਲਾ, ਜ਼ਿਲ੍ਹਾ ਬਠਿੰਡਾ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 10-10-2012 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਉਸ ਦੀਆਂ ਸੇਵਾਵਾਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿੱਠ ਅੰਕਣ ਨੰ: ਉਕਤ / 7230-33 ਮਿਤੀ, ਐਸ.ਏ.ਐਸ.ਨਗਰ : 4/5/16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਬਠਿੰਡਾ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਰਜਿਸਟਰਡ

3. ਪ੍ਰਿੰਸੀਪਲ/ ਮੁੱਖ ਅਧਿਆਪਕ, ਸ.ਹ.ਸ ਚੱਠੇ ਵਾਲਾ, ਜ਼ਿਲ੍ਹਾ ਬਠਿੰਡਾ ਨੂੰ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ।
4. ਸ਼੍ਰੀਮਤੀ ਰੂਚੀ ਗਰਗ, ਸਾਇੰਸ ਮਿਸਟ੍ਰੈਸ, ਸ.ਹ.ਸ ਚੱਠੇ ਵਾਲਾ, ਜ਼ਿਲ੍ਹਾ ਬਠਿੰਡਾ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ